# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 10-05-2025**

ਭਾਰਤੀ ਹਥਿਆਰਬੰਦ ਬਲਾਂ ਨੇ ਪਾਕਿਸਤਾਨ ਦੀਆਂ ਵਧਦੀਆਂ ਹਮਲਾਵਰ ਅਤੇ ਭੜਕਾਊ ਕਾਰਵਾਈਆਂ ਦੇ ਜਵਾਬ ਵਿੱਚ, ਪਾਕਿਸਤਾਨ ਦੇ ਤਕਨੀਕੀ ਬੁਨਿਆਦੀ ਢਾਂਚੇ, ਕਮਾਂਡ ਅਤੇ ਕੰਟਰੋਲ ਕੇਂਦਰਾਂ, ਰਾਡਾਰ ਸਾਈਟਾਂ ਅਤੇ ਹਥਿਆਰਾਂ ਦੇ ਭੰਡਾਰਨ ਖੇਤਰਾਂ ਸਮੇਤ ਫੌਜੀ ਸਥਾਪਨਾਵਾਂ 'ਤੇ ਸਟੀਕ ਹਮਲੇ ਕੀਤੇ ਨੇ। ਅੱਜ ਨਵੀਂ ਦਿੱਲੀ ਵਿੱਚ ਆਪ੍ਰੇਸ਼ਨ ਸਿੰਦੂਰ ਬਾਰੇ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਵਿੱਚ, ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪਾਕਿਸਤਾਨੀ ਸੈਨਿਕਾਂ ਨੂੰ ਅੱਗੇ ਵਾਲੇ ਇਲਾਕਿਆਂ ਵੱਲ ਵਧਦੇ ਦੇਖਿਆ ਗਿਆ ਏ। ਇਹ ਇਸ ਗੱਲ ਦਾ ਸਪੱਸ਼ਟ ਸੰਕੇਤ ਏ ਕਿ ਪਾਕਿਸਤਾਨ ਸਥਿਤੀ ਨੂੰ ਹੋਰ ਵਿਗੜਨਾ ਚਾਹੁੰਦਾ ਏ। ਉਨ੍ਹਾਂ ਕਿਹਾ ਕਿ ਭਾਰਤੀ ਹਥਿਆਰਬੰਦ ਬਲਾਂ ਨੇ ਪਾਕਿਸਤਾਨ ਦੀਆਂ ਸਾਰੀਆਂ ਦੁਸ਼ਮਣੀ ਵਾਲੀਆਂ ਕਾਰਵਾਈਆਂ ਦਾ

ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦਿੱਤਾ ਏ । ਕਰਨਲ ਸੋਫੀਆ ਕੁਰੈਸ਼ੀ ਨੇ ਕਿਹਾ ਕਿ ਪਾਕਿਸਤਾਨੀ ਫੌਜ ਡਰੋਨ, ਲੰਬੀ ਦੂਰੀ ਦੇ ਹਥਿਆਰਾਂ ਅਤੇ ਲੜਾਕੂ ਜਹਾਜ਼ਾਂ ਨਾਲ ਪੱਛਮੀ ਸਰਹੱਦਾਂ 'ਤੇ ਲਗਾਤਾਰ ਹਮਲੇ ਕਰ ਰਹੀ ਏ । ਉਨ੍ਹਾਂ ਕਿਹਾ ਕਿ ਭਾਰਤ ਨੇ ਇਨ੍ਹਾਂ ਹਮਲਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਾਕਾਮ ਕਰ ਦਿੱਤਾ ਏ ।**BYTE**:

ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਸ੍ਰੀਨਗਰ ਤੋਂ ਛਲੀਆ ਤੱਕ 26 ਤੋਂ ਵੱਧ ਥਾਵਾਂ 'ਤੇ ਹਵਾਈ ਘੁਸਪੈਠ ਦੀ ਕੋਸ਼ਿਸ਼ ਕੀਤੀ ਅਤੇ ਊਧਮਪੁਰ, ਭੁਜ, ਪਠਾਨਕੋਟ, ਬਠਿੰਡਾ ਵਿੱਚ ਹਵਾਈ ਸੈਨਾ ਦੇ ਠਿਕਾਣਿਆਂ ਨੂੰ ਨੁਕਸਾਨ ਪਹੁੰਚਾਇਆ। ਕਰਨਲ ਕੁਰੈਸ਼ੀ ਨੇ ਕਿਹਾ ਕਿ ਪਾਕਿਸਤਾਨ ਨੇ ਕੱਲ੍ਹ ਰਾਤ ਪੰਜਾਬ ਵਿੱਚ ਇੱਕ ਏਅਰਬੇਸ ਨੂੰ ਨਿਸ਼ਾਨਾ ਬਣਾਉਣ ਲਈ ਤੇਜ਼ ਰਫ਼ਤਾਰ ਮਿਜ਼ਾਈਲਾਂ ਦੀ ਵਰਤੋਂ ਕੀਤੀ ਅਤੇ ਸ੍ਰੀਨਗਰ, ਅਵੰਤੀਪੁਰ ਅਤੇ ਊਧਮਪੁਰ ਵਿੱਚ ਸਿਹਤ ਕੇਂਦਰਾਂ ਅਤੇ ਸਕੂਲਾਂ ਨੂੰ ਵੀ ਨਿਸ਼ਾਨਾ ਬਣਾਇਆ। ਉਨ੍ਹਾਂ ਕਿਹਾ ਕਿ ਭਾਰਤੀ ਹਥਿਆਰਬੰਦ ਸੈਨਾ ਤਣਾਅ ਵਧਾਉਣਾ ਨਹੀਂ ਚਾਹੁੰਦੀਆਂ, ਬਸ਼ਰਤੇ ਪਾਕਿਸਤਾਨ ਵੱਲੋਂ ਵੀ ਅਜਿਹੀ ਕੋਈ ਕਾਰਵਾਈ ਨਾ ਕੀਤੀ ਜਾਵੇ। ਵਿੰਗ ਕਮਾਂਡਰ ਵਿਓਮਿਕਾ ਸਿੰਘ ਨੇ ਪਾਕਿਸਤਾਨ ਦੇ ਭਾਰਤੀ S-400 ਹਵਾਈ ਰੱਖਿਆ ਪ੍ਰਣਾਲੀ, ਸੂਰਤਗੜ੍ਹ ਅਤੇ ਸਿਰਸਾ ਵਿਖੇ ਹਵਾਈ ਖੇਤਰਾਂ ਨੂੰ ਤਬਾਹ ਕਰਨ ਦੇ ਝੂਠੇ ਦਾਅਵਿਆਂ ਨੂੰ ਖਾਰਜ ਕਰ ਦਿੱਤਾ। ਉਨ੍ਹਾਂ ਇਨ੍ਹਾਂ ਦਾਅਵਿਆਂ ਨੂੰ

ਬੇਬੁਨਿਆਦ ਕਰਾਰ ਦਿੱਤਾ ਅਤੇ ਇਸਨੂੰ ਪਾਕਿਸਤਾਨ ਵੱਲੋਂ ਲਗਾਤਾਰ ਪ੍ਰਚਾਰ ਦੀ ਕੋਸ਼ਿਸ਼ ਦੱਸਿਆ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਪਾਕਿਸਤਾਨ ਦੀਆਂ ਭੜਕਾਊ ਕਾਰਵਾਈਆਂ ਤਣਾਅ ਵਧਾਉਣ ਵਾਲੀਆਂ ਸਨ ਅਤੇ ਭਾਰਤ ਨੇ ਇਸਦਾ ਸੰਜਮ ਨਾਲ ਜਵਾਬ ਦਿੱਤਾ। ਹਥਿਆਰਬੰਦ ਡਰੋਨਾਂ ਨੇ ਫਿਰੋਜ਼ਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਸਮੇਤ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ, ਪਰ ਭਾਰਤੀ ਰੱਖਿਆ ਬਲਾਂ ਨੇ ਇਨ੍ਹਾਂ ਕੋਸ਼ਿਸ਼ਾਂ ਨੂੰ ਸਫਲਤਾਪੂਰਵਕ ਨਾਕਾਮ ਕਰ ਦਿੱਤਾ । ਹਾਲਾਂਕਿ, ਫਿਰੋਜ਼ਪੁਰ ਵਿੱਚ, ਹਮਲੇ ਵਿੱਚ ਇੱਕ ਘਰ ਨੂੰ ਨੁਕਸਾਨ ਪਹੁੰਚਿਆ ਅਤੇ ਇੱਕ ਪਰਿਵਾਰ ਦੇ ਤਿੰਨ ਮੈਂਬਰ ਜ਼ਖਮੀ ਹੋ ਗਏ। ਉਨ੍ਹਾਂ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ ਅਤੇ ਕਿਹਾ ਜਾ ਰਿਹਾ ਏ ਕਿ ਉਹ ਸੁਰੱਖਿਅਤ ਨੇ । ਫਿਰੋਜ਼ਪੁਰ ਪੁਲਿਸ ਮੁਖੀ ਭੁਪਿੰਦਰ ਸਿੰਘ ਸਿੱਧੂ ਦੇ ਅਨੁਸਾਰ, ਇਹ ਇੱਕ ਅਲੱਗ-ਥਲੱਗ ਘਟਨਾ ਸੀ, ਜਿਸ ਵਿੱਚ ਜ਼ਿਆਦਾਤਰ ਹਮਲਿਆਂ ਦਾ ਫੌਜ ਦੁਆਰਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕੀਤਾ ਗਿਆ ਸੀ। ਭਾਰਤੀ ਹਥਿਆਰਬੰਦ ਸੈਨਾਵਾਂ ਉੱਚ ਪੱਧਰੀ ਚੌਕਸੀ ਬਣਾਈ ਰੱਖ ਰਹੀਆਂ ਹਨ ਅਤੇ ਅਜਿਹੇ ਸਾਰੇ ਹਵਾਈ ਖਤਰਿਆਂ ਨੂੰ ਟਰੈਕ ਕੀਤਾ ਜਾ ਰਿਹਾ ਏ ਅਤੇ ਡਰੋਨ ਰੋਧੀ ਪ੍ਰਣਾਲੀਆਂ ਦੀ ਵਰਤੋਂ ਕਰਕੇ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਿਆ ਜਾ ਰਿਹਾ ਏ । ਸਥਿਤੀ 'ਤੇ ਨੇੜਿਓਂ ਅਤੇ

ਨਿਰੰਤਰ ਨਜ਼ਰ ਰੱਖੀ ਜਾ ਰਹੀ ਏ। ਸਰਹੱਦੀ ਇਲਾਕਿਆਂ ਵਿੱਚ ਰਹਿਣ ਵਾਲੇ ਨਾਗਰਿਕਾਂ ਨੂੰ ਘਰ ਦੇ ਅੰਦਰ ਰਹਿਣ, ਬੇਲੋੜੀ ਆਵਾਜਾਈ ਨੂੰ ਸੀਮਤ ਕਰਨ ਅਤੇ ਸਥਾਨਕ ਅਧਿਕਾਰੀਆਂ ਦੁਆਰਾ ਜਾਰੀ ਸੁਰੱਖਿਆ ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਸਲਾਹ ਦਿੱਤੀ ਗਈ ਏ। ਉਨ੍ਹਾਂ ਕਿਹਾ ਏ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਏ , ਪਰ ਸੁਚੇਤ ਅਤੇ ਸਾਵਧਾਨ ਰਹਿਣਾ ਜ਼ਰੂਰੀ ਏ।

-----------------------------------------------------------------------

ਭਾਰਤੀ ਹਵਾਈ ਅੱਡਾ ਅਥਾਰਟੀ ਨੇ 15 ਮਈ ਤੱਕ, ਦੇਸ਼ ਦੇ ਉੱਤਰੀ ਅਤੇ ਪੱਛਮੀ ਖੇਤਰਾਂ ਦੇ 32 ਹਵਾਈ ਅੱਡਿਆਂ ਤੋਂ ਉਡਾਣਾਂ ਨੂੰ ਅਸਥਾਈ ਤੌਰ 'ਤੇ ਬੰਦ ਕਰਨ ਦਾ ਐਲਾਨ ਕੀਤਾ ਏ। ਇਨ੍ਹਾਂ ਹਵਾਈ ਅੱਡਿਆਂ ਵਿੱਚ ਅੰਮ੍ਰਿਤਸਰ, ਚੰਡੀਗੜ੍ਹ, ਜੰਮੂ, ਸ੍ਰੀਨਗਰ, ਭੁਜ, ਜਾਮ-ਨਗਰ, ਜੈਸਲਮੇਰ, ਪਠਾਨਕੋਟ ਸਮੇਤ ਹੋਰ ਹਵਾਈ ਅੱਡੇ ਸ਼ਾਮਲ ਨੇ। ਇਸ ਤੋਂ ਇਲਾਵਾ, ਦਿੱਲੀ ਅਤੇ ਮੁੰਬਈ ਉਡਾਨ ਸੂਚਨਾ ਖੇਤਰਾਂ ਦੇ ਅੰਦਰ Air Traffic Service ਰੂਟਾਂ ਦੇ 25 segments ਵੀ ਇਸ ਸਮੇਂ ਦੌਰਾਨ ਬੰਦ ਰਹਿਣਗੇ। ਹਵਾਈ ਕੰਪਨੀਆਂ ਨੂੰ ਵਿਘਨ ਨੂੰ ਘੱਟ ਕਰਨ ਲਈ ਵਿਕਲਪਿਕ ਰੂਟਾਂ ਦੀ ਯੋਜਨਾ ਬਣਾਉਣ ਦੀ ਸਲਾਹ ਦਿੱਤੀ ਗਈ ਏ। ਇਹ ਅਸਥਾਈ ਬੰਦ ਸੰਚਾਲਨ ਕਾਰਨਾਂ ਕਰਕੇ ਏ ਅਤੇ ਸੁਰੱਖਿਆ ਨੂੰ

ਯਕੀਨੀ ਬਣਾਉਣ ਲਈ, ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਇਸਦਾ ਪ੍ਰਬੰਧਨ ਕੀਤਾ ਜਾਵੇਗਾ।

---------------------------------------------------------------------

ਓਧਰ ਦਿੱਲੀ ਦੇ ਇੰਦਰਾ ਗਾਂਧੀ ਅੰਤਰ-ਰਾਸ਼ਟਰੀ ਹਵਾਈ ਅੱਡੇ 'ਤੇ ਉਡਾਣਾਂ ਆਮ ਵਾਂਗ ਮੁੜ ਸ਼ੁਰੂ ਹੋ ਗਈਆਂ ਨੇ। ਇਸ ਦੌਰਾਨ, ਪਾਕਿਸਤਾਨ ਨਾਲ ਫੌਜੀ ਤਣਾਅ ਦਰਮਿਆਨ ਸੁਰੱਖਿਆ ਉਪਾਵਾਂ ਨੂੰ ਵਧਾਏ ਜਾਣ ਕਾਰਨ ਮੁਸਾਫ਼ਰਾਂ ਲਈ ਸਲਾਹ ਜਾਰੀ ਕੀਤੀ ਗਈ ਏ।

---------------------------------------------------------------------

ਦੇਸ਼ ਵਿੱਚ ਮੌਜੂਦਾ ਸਥਿਤੀ ਦੇ ਮੱਦੇਨਜ਼ਰ, ਪੰਜਾਬ ਸਰਕਾਰ ਵੱਲੋਂ ਕੰਟਰੋਲ ਰੂਮ ਸਥਾਪਤ ਫੋਨ ਨੰਬਰ 0172-27-41-803 ਤੇ 0172-27-49-901 ਜਾਰੀ ਕੀਤੇ ਗਏ ਨੇ, ਫੋਨ ਨੰਬਰ ਇਕ ਵਾਰ ਫੇਰ ਸੁਣ ਲਵੋ 0172-27-41-803 ਤੇ 0172-27-49-901 ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਇਨਾ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਏ।

---------------------------------------------------------------------

ਸੂਬੇ ਭਰ ਵਿਚ ਡਿਪਟੀ ਕਮਿਸ਼ਨਰਾਂ ਨੇ ਆਪੋ ਆਪਣੇ ਜ਼ਿਲਿਆਂ ਵਿਚ ਮਨੁੱਖ ਰਹਿਤ ਹਵਾਈ ਵਾਹਨਾਂ (UAVs), ਜਿਨ੍ਹਾਂ ਨੂੰ ਆਮ ਤੌਰ 'ਤੇ ਡਰੋਨ ਕਿਹਾ ਜਾਂਦਾ ਏ , ਦੀ ਵਰਤੋਂ ਤੇ ਪਾਬੰਦੀ ਲਗਾ ਦਿੱਤੀ ਏ। ਉਹਨਾਂ

ਕਿਹਾ ਕਿ ਇਹ ਜਨਤਕ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਲਈ ਇੱਕ ਸੰਭਾਵੀ ਖ਼ਤਰਾ ਪੈਦਾ ਕਰਦੀ ਏ । ਇਸਤੋਂ ਇਲਾਵਾ ਬੇਲੋੜੇ ਸਫ਼ਰ ਤੋਂ ਗੁਰੇਜ਼ ਕਰਨ ਅਤੇ ਬਲੈਕ ਆਉਟ ਸਮੇਤ ਹੋਰਨਾਂ ਹਿਦਾਇਤਾਂ ਦੀ ਇਨ ਬਿੰਨ ਪਾਲਣਾ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ ਏ ।